# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 13-10-2025**

ਕੇਂਦਰੀ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਐਲਾਨ ਕੀਤਾ ਏ ਕਿ ਰੇਲਵੇ ਸੁਰੱਖਿਆ ਬਲ (RPF) ਲਈ ਭਰਤੀ ਹੁਣ ਹਰ ਸਾਲ Staff Selection Commission (SSC) ਵੱਲੋਂ ਕੀਤੀ ਜਾਵੇਗੀ। ਮੰਤਰੀ ਨੇ ਬਲ ਨੂੰ ਆਧੁਨਿਕ ਤਕਨਾਲੋਜੀ ਨਾਲ ਬਿਹਤਰ ਬਣਾਉਣ ਦੇ ਉਦੇਸ਼ ਨਾਲ ਕਈ ਪਹਿਲਕਦਮੀਆਂ ਦੀ ਵੀ ਸ਼ੁਰੂਆਤ ਕੀਤੀ। ਗੁਜਰਾਤ ਦੇ ਵਲਸਾਡ ਵਿਖੇ RPF ਦੇ 41ਵੇਂ ਸਥਾਪਨਾ ਦਿਵਸ ਨੂੰ ਸੰਬੋਧਨ ਕਰਦਿਆਂ, ਮੰਤਰੀ ਨੇ ਕਿਹਾ ਕਿ RPF ਮੁਲਾਜ਼ਮ ਜਲਦ ਹੀ VHF ਸੈੱਟਾਂ ਨਾਲ ਲੈਸ ਹੋਣਗੇ ਅਤੇ ਸੰਚਾਲਨ ਸਮਰੱਥਾਵਾਂ ਨੂੰ ਵਧਾਉਣ ਲਈ ਅਤਿ- ਧੁਨਿਕ ਡਿਜੀਟਲ ਅਤੇ ਡਰੋਨ ਸਿਖਲਾਈ ਪ੍ਰਾਪਤ ਕਰਨਗੇ। ਘੱਟ ਆਮਦਨ ਵਾਲੇ ਸਮੂਹਾਂ ਦੀ ਭਲਾਈ ਲਈ ਰੇਲਵੇ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਮੰਤਰੀ ਨੇ ਐਲਾਨ ਕੀਤਾ ਕਿ ਭਾਰਤੀ ਰੇਲਵੇ ਆਉਣ ਵਾਲੇ ਦੀਵਾਲੀ ਅਤੇ ਛੱਠ ਤਿਉਹਾਰਾਂ ਦੌਰਾਨ ਯਾਤਰੀਆਂ ਦੀ ਮੰਗ ਵਿੱਚ ਵਾਧੇ ਨੂੰ ਪੂਰਾ ਕਰਨ ਲਈ 12 ਹਜ਼ਾਰ ਵਿਸ਼ੇਸ਼ ਰੇਲਗੱਡੀਆਂ ਚਲਾਏਗਾ। ਪਿਛਲੇ 11 ਸਾਲਾਂ ਵਿੱਚ

ਭਾਰਤੀ ਰੇਲਵੇ ਦੀ ਪਰਿਵਰਤਨਸ਼ੀਲ ਪ੍ਰਗਤੀ ‘ਤੇ ਚਾਨਣਾ ਪਾਉਂਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ 35 ਹਜ਼ਾਰ ਕਿਲੋਮੀਟਰ ਨਵੇਂ ਰੇਲਵੇ ਟ੍ਰੈਕ ਬਣਾਏ ਗਏ ਨੇ ਅਤੇ 99 ਫੀਸਦੀ ਰੇਲਵੇ ਬਿਜਲੀਕਰਨ ਪੂਰਾ ਹੋ ਗਿਆ ਏ ।

---------------------------------------------------------------------------------

ਪੰਜਾਬ ਦੀ ਤਰਨ ਤਾਰਨ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਭਰਨ ਦਾ ਅਮਲ ਅੱਜ ਤੋਂ ਸ਼ੁਰੂ ਹੋ ਗਿਆ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ 21 ਅਕਤੂਬਰ ਤੱਕ ਚੱਲੇਗੀ। ਉਨਾਂ ਦੱਸਿਆ ਕਿ 22 ਅਕਤੂਬਰ ਨੂੰ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਜਦਕਿ 24 ਅਕਤੂਬਰ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਅੰਤਿਮ ਮਿਤੀ ਏ। ਵੋਟਾਂ 11 ਨਵੰਬਰ ਨੂੰ ਪੈਣਗੀਆਂ ਤੇ ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ। ਇਸ ਦੇ ਨਾਲ ਹੀ ਸਮੁੱਚੀ ਚੋਣ ਪ੍ਰਕਿਰਿਆ 16 ਨਵੰਬਰ, ਤੱਕ ਮੁਕੰਮਲ ਕਰ ਲਈ ਜਾਵੇਗੀ। ਸਿਬਿਨ ਸੀ ਨੇ ਅੱਗੇ ਕਿਹਾ ਕਿ ਜ਼ਿਮਨੀ ਚੋਣ ਦੇ ਐਲਾਨ ਤੋਂ ਬਾਅਦ 6 ਅਕਤੂਬਰ ਤੋਂ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ ਜੋ ਚੋਣ ਪ੍ਰਕਿਰਿਆ ਪੂਰੀ ਹੋਣ ਤੱਕ ਪ੍ਰਭਾਵੀ ਰਹੇਗਾ।

---

# ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਅਤੇ ਪਿਛਲੇ ਮਹੀਨੇ ਦੀ 22 ਤਰੀਕ ਤੋਂ ਸ਼ੁਰੂ ਹੋ ਰਿਹਾ GST ਬਚਤ ਉਤਸਵ, ਪੂਰੇ ਦੇਸ਼ ਨੂੰ ਲਾਭ ਪਹੁੰਚਾ ਰਿਹਾ ਏ। ਅੱਜ ਅਸੀਂ ਗੱਲ ਕਰਦੇ ਹਾਂ ਕਿ ਇਹ ਨਵੇਂ GST ਸੁਧਾਰ ਪੰਜਾਬ ਦੀਆਂ ਵਖ – ਵਖ ਸਨਅਤਾਂ ਨੂੰ ਕਿਵੇਂ ਮਜ਼ਬੂਤ ਬਣਾਉਣਗੇ –

## ਇੱਕ ਰੀਪੋਰਟ:-

ਨਵੇਂ GST ਸੁਧਾਰ ਪੰਜਾਬ ਦੇ ਕਾਰੀਗਰਾਂ, ਕਿਸਾਨਾਂ ਅਤੇ ਛੋਟੇ ਕਾਰੋਬਾਰਾਂ ਲਈ ਇੱਕ ਵੱਡੀ ਜਿੱਤ ਨੇ। ਸੋਧੀਆਂ ਹੋਈਆਂ ਦਰਾਂ ਤਹਿਤ, ਰਾਜ ਵਿੱਚ ਬਹੁਤ ਸਾਰੀਆਂ ਵਸਤਾਂ ‘ਤੇ ਹੁਣ ਘਟਾਇਆ ਗਿਆ ਟੈਕਸ ਲਗੇਗਾ, ਜਿਸ ਨਾਲ ਰਵਾਇਤੀ ਅਤੇ ਖੇਤਰੀ ਉਤਪਾਦ ਵਧੇਰੇ ਕਿਫਾਇਤੀ ਹੋਣਗੇ ਅਤੇ ਸਥਾਨਕ ਉਤਪਾਦਨ ਨੂੰ ਹੁਲਾਰਾ ਮਿਲੇਗਾ। ਇਹ ਸੁਧਾਰ ਪੰਜਾਬ ਦੇ ਟੈਕਸਟਾਈਲ ਅਤੇ ਦਸਤਕਾਰੀ ਖੇਤਰਾਂ ਲਈ ਵਿਸ਼ੇਸ਼ ਮਹੱਤਵ ਰਖਦੇ ਨੇ। ਫੁਲਕਾਰੀ ਕਢਾਈ, ਜੋ ਲਗਭਗ ਵੀਹ ਹਜ਼ਾਰ ਕਾਰੀਗਰਾਂ ਨੂੰ ਰੁਜ਼ਗਾਰ ਦਿੰਦੀ ਏ, 'ਤੇ ਹੁਣ 12 ਫੀਸਦੀ ਦੀ ਬਜਾਏ 5 ਫੀਸਦੀ ਟੈਕਸ ਲਾਇਆ ਜਾਂਦਾ ਏ, ਜਿਸ ਨਾਲ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਇਸਦੀ ਵਿਕਰੀ ਵਧਦੀ ਏ। ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਬਣੇ ਊਨੀ ਸ਼ਾਲਾਂ ਅਤੇ ਸਟੋਲਸ’ਤੇ ਹੁਣ 12 ਤੋਂ 5 ਫੀਸਦੀ ਟੈਕਸ ਲਗੇਗਾ ਜਿਸ ਨਾਲ ਬੁਣਕਰਾਂ ਅਤੇ ਛੋਟੀਆਂ ਇਕਾਈਆਂ ਨੂੰ ਆਪਣੀ ਪਹੁੰਚ ਵਧਾਉਣ ਵਿੱਚ ਮਦਦ ਮਿਲਦੀ ਏ। ਇਹ ਸੁਧਾਰ ਤਿਉਹਾਰਾਂ ਦੇ ਮੌਸਮ ਅਤੇ ਇਸ ਤੋਂ ਬਾਅਦ ਵਿਕਰੀ ਨੂੰ ਵਧਾਉਣ, ਉਪਜੀਵਿਕਾ ਦੀ ਰਾਖੀ ਕਰਨ ਅਤੇ ਪੰਜਾਬ ਦੇ ਨਿਰਮਾਣ ਖੇਤਰਾਂ ‘ਚ ਨਵੀਂ ਊਰਜਾ ਭਰਨ ਲਈ ਤਿਆਰ ਕੀਤੇ ਗਏ ਨੇ।

---

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾ ਰਹੀ ਏ। ਇਨਾਂ ਸਮਾਗਮਾਂ ਦੀ ਕਾਮਯਾਬੀ ਅਤੇ ਵਿਉਂਤਬੰਦੀ ਲਈ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਨੂੰ ਨੋਡਲ ਵਿਭਾਗ ਨਿਯੁਕਤ ਕੀਤਾ ਗਿਆ ਏ। ਮੰਤਰੀ ਨੇ 19 ਨਵੰਬਰ ਤੋਂ ਸ਼ੁਰੂ ਹੋਣ ਵਾਲੇ ਨਗਰ ਕੀਰਤਨਾਂ ਦੇ ਰੂਟਾਂ ਬਾਬਤ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਨਗਰ ਕੀਰਤਨ 19 ਨਵੰਬਰ ਨੂੰ ਸ੍ਰੀਨਗਰ ਤੋਂ ਸ਼ੁਰੂ ਹੋਵੇਗਾ। ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਅਤੇ ਗੜਸ਼ੰਕਰ ਹੁੰਦਾ ਹੋਇਆ 22 ਨਵੰਬਰ ਨੂੰ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। 19 ਨਵੰਬਰ ਨੂੰ ਨਗਰ ਕੀਰਤਨ ਦਾ ਠਹਿਰਾਅ ਜੰਮੂ ਤੇ 20 ਨਵੰਬਰ ਨੂੰ ਪਠਾਨਕੋਟ ਵਿਖੇ ਹੋਵੇਗਾ, ਜਦਕਿ 21 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਠਹਿਰਾਅ ਹੋਵੇਗਾ।

---------------------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਏ ਕਿ ਲੁਧਿਆਣਾ ਦੇ ਹਰ ਘਰ ਨੂੰ ਸਾਫ਼ ਪੀਣ ਯੋਗ ਪਾਣੀ ਦੀ ਸਪਲਾਈ

ਯਕੀਨੀ ਬਣਾਉਣ ਲਈ ਨਗਰ ਨਿਗਮ ਨੇ ਦੂਸ਼ਿਤ ਪਾਣੀ ਦੇ ਮਾਮਲਿਆਂ ਨੂੰ ਕਾਫ਼ੀ ਹੱਦ ਤੱਕ ਘਟਾਉਣ ਵਿੱਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਏ। ਪਾਣੀ ਦੀ ਵੰਡ ਦੇ ਨੈੱਟਵਰਕ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਚੁੱਕੇ ਗਏ ਠੋਸ ਕਦਮਾਂ ਦੇ ਸਕਾਰਾਤਮਕ ਨਤੀਜੇ ਆਉਣੇ ਸ਼ੁਰੂ ਹੋ ਗਏ ਨੇ, ਜਿਸ ਨਾਲ ਦੂਸ਼ਿਤ ਪਾਣੀ ਸਬੰਧੀ ਸ਼ਿਕਾਇਤਾਂ 2022-23 ਵਿੱਚ 608 ਤੋਂ ਘੱਟ ਕੇ 2025 ਵਿੱਚ 318 ਰਹਿ ਗਈਆਂ ਨੇ। ਉਨਾਂ ਪੁਸ਼ਟੀ ਕੀਤੀ ਕਿ ਸਾਰੀਆਂ ਸ਼ਿਕਾਇਤਾਂ ਦਾ ਸਥਾਈ ਤੌਰ ’ਤੇ ਹੱਲ ਕਰ ਦਿੱਤਾ ਗਿਆ ਏ। ਡਾ. ਰਵਜੋਤ ਸਿੰਘ ਨੇ ਕਿਹਾ ਕਿ 2024 ਵਿੱਚ 12.6 ਕਿਲੋਮੀਟਰ ਨਵੀਆਂ ਸਪਲਾਈ ਲਾਈਨਾਂ ਵਿਛਾਈਆਂ ਗਈਆਂ ਸਨ, ਜਦੋਂ ਕਿ 2025 ਵਿੱਚ ਪੁਰਾਣੀਆਂ ਅਤੇ ਖਰਾਬ ਪਾਈਪਲਾਈਨਾਂ ਨੂੰ ਬਦਲ ਕੇ 20 ਕਿਲੋਮੀਟਰ ਤੋਂ ਵੱਧ ਨਵੀਆਂ ਵਾਟਰ ਸਪਲਾਈ ਲਾਈਨਾਂ ਵਿਛਾਈਆਂ ਗਈਆਂ ਨੇ। ਇਨਾਂ ਪ੍ਰੋਜੈਕਟਾਂ ਨੇ ਸ਼ਹਿਰ ਭਰ ਵਿੱਚ ਪਾਣੀ ਦੀ ਗੁਣਵੱਤਾ ਅਤੇ ਭਰੋਸੇਯੋਗਤਾ ਵਿੱਚ ਨਿਰੰਤਰ ਸੁਧਾਰ ਨੂੰ ਯਕੀਨੀ ਬਣਾਇਆ ਏ।

---------------------------------------------------------------------------------

ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਮੁਹਾਲੀ ਵਿਖੇ ਆਤਮ ਨਿਰਭਰ ਭਾਰਤ ਬਾਰੇ ਸਮਾਗਮ ਦੀ ਪ੍ਰਧਾਨਗੀ ਕੀਤੀ। ਬੀਤੇ ਦਿਨ ਇਸ ਪ੍ਰੋਗ੍ਰਾਮ ਨੂੰ ਸੰਬੋਧਨ ਕਰਦਿਆਂ ਓਹਨਾਂ ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਦੇ 11 ਸਾਲਾਂ ਦੀ ਕਾਰਜਸ਼ੈਲੀ ਸਦਕਾ ਆਤਮਨਿਰਭਰ ਭਾਰਤ ਦੇ ਸੰਕਲਪ ਹੂੰਕਾਰ ਨਾਲ ਦੇਸ਼ ਦੇ ਵਿਸ਼ਵ ਦੀ ਚੌਥੀ ਆਰਥਿਕਤਾ ਬਣਨ ਦੇ ਸਫ਼ਰ ਬਾਰੇ ਜਾਣੂ ਕਰਵਾਇਆ। ਓਹਨਾਂ ਦੇਸ਼ ਦੀ 140 ਕਰੋੜ ਜਨਤਾ ਨੂੰ ਭਾਵੇਂ ਘਰ ਹੋਵੇ, ਮੁਦਰਾ ਸਕੀਮ ਤਹਿਤ ਕਾਰੋਬਾਰ, ਉੱਧਮ ਸ਼ੁਰੂ ਕਰਨ ਲਈ ਮਦਦ, 62 ਕਰੋੜ ਜਨਧਨ ਖਾਤੇ, ਜਾਂ ਸਵਛ ਭਾਰਤ ਵਿਚ 13 ਕਰੋੜ ਪਖਾਨੇ ਬਣਾਉਣਾ ਹਰ ਸਹੂਲਤ ਮੁਹਇਆ ਕੀਤੀ ਏ। ਓਹਨਾਂ ਇਸਦਾ ਸਿਹਰਾ ਆਤਮ ਨਿਰਭਰ ਮੁਹਿੰਮ ਸਿਰ ਬੰਨਿਆ ਜਿਸ ਸਦਕਾ ਵਿਕਸਿਤ ਭਾਰਤ ਦਾ ਸੁਪਨਾ ਸਾਕਾਰ ਹੁੰਦਾ ਜਾਪਦੈ। ਉਹਨਾਂ ਡਿਜੀਟਲ ਇੰਡੀਆ ਤਹਿਤ ਹੋਈ ਤਰੱਕੀ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ UPI, ਨੇ ਹਰ ਵਰਗ ਨੂੰ ਫਾਇਦਾ ਦਿੱਤਾ ਏ । ਸ਼੍ਰੀ ਚੁਘ ਨੇ SVANIDHI ਸਦਕਾ ਗਰੀਬਾਂ ਨੂੰ ਬਿਨਾਂ ਗਰੰਟੀ ਦਸ ਹਜ਼ਾਰ ਰੁਪਏ ਤਕ ਦਾ ਕਰਜ਼ ਦੇ ਕੇ ਓਹਨਾਂ ਦੀ ਮਦਦ ਕਰਨ ਦੇ ਸਰਕਾਰ ਦੇ ਉਪਰਾਲੇ ਦਾ ਵੀ ਜ਼ਿਕਰ ਕੀਤਾ।

--------------------------------------------------------------------------